# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-12-2024**

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਲੋਕਾਂ ਨੂੰ ਨਸ਼ਾ ਮੁਕਤ-ਰੰਗਲਾ ਪੰਜਾਬ ਬਣਾਉਣ ਲਈ ਵੱਡੇ ਪੱਧਰ 'ਤੇ ਨਸ਼ਾ ਵਿਰੋਧੀ ਮੁਹਿੰਮ ਚਲਾਉਣ ਦਾ ਦਿੱਤਾ ਸੱਦਾ ।
- ਕੌਮੀ ਜਾਂਚ ਏਜੰਸੀ ਨੇ ਪਾਬੰਦੀਸ਼ੁਦਾ ਬੱਬਰ ਖਾਲਸਾ ਇੰਟਰਨੈਸ਼ਨਲ ਸੰਗਠਨ ਦੇ ਨਾਮਜ਼ਦ ਅੱਤਵਾਦੀ ਲਖਬੀਰ ਸਿੰਘ ਦੇ, 2 ਮੁੱਖ ਸਹਿਯੋਗੀਆਂ ਖਿਲਾਫ ਚਾਰਜਸ਼ੀਟ ਦਾਇਰ ਕੀਤੀ।
- ਭਾਰਤੀ ਰੇਲਵੇ ਨੇ, ਮਹਾ ਕੁੰਭ ਮੇਲੇ ਦੌਰਾਨ, ਰੇਲ ਮੁਸਾਫ਼ਰਾਂ ਨੂੰ ਰੇਲਵੇ ਵਲੋਂ ਮੁਫਤ ਸਫ਼ਰ ਕਰਨ ਦੇ ਦਾਅਵੇ ਦੀਆਂ ਰਿਪੋਰਟਾਂ ਨੂੰ ਬੇਬੁਨਿਆਦ ਅਤੇ ਗੁੰਮਰਾਹਕੁੰਨ ਦੱਸਿਆ ।

- ਭਾਰਤ ਦੇ ਸਟਾਰ ਆਲ-ਰਾਊਂਡਰ ਰਵੀ-ਚੰਦਰਨ ਅਸ਼ਵਿਨ ਨੇ, ਤੁਰੰਤ ਪ੍ਰਭਾਵ ਨਾਲ ਅੰਤਰ-ਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਕੀਤਾ ਐਲਾਨ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਲੋਕਾਂ ਨੂੰ ਨਸ਼ਾ ਮੁਕਤ-ਰੰਗਲਾ ਪੰਜਾਬ ਬਣਾਉਣ ਲਈ ਵੱਡੇ ਪੱਧਰ 'ਤੇ ਨਸ਼ਾ ਵਿਰੋਧੀ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ ਏ। ਅੱਜ ਲੁਧਿਆਣਾ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ  ਵਿਖੇ ਸਾਰੇ ਧਰਮਾਂ ਦੇ ਲੋਕਾਂ, ਵਿਦਿਅਕ ਸੰਸਥਾਵਾਂ ਦੇ ਮੁਖੀਆਂ ਨਾਲ ਇੱਕ ਮੀਟਿੰਗ ਵਿੱਚ, ਰਾਜਪਾਲ ਨੇ ਕਿਹਾ ਕਿ ਪੰਜਾਬ, ਮਹਾਨ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਧਰਤੀ ਏ, ਜਿਨ੍ਹਾਂ ਨੇ ਸੂਬੇ, ਦੇਸ਼ ਅਤੇ ਕੌਮ ਲਈ ਅਥਾਹ ਕੁਰਬਾਨੀਆਂ ਦਿੱਤੀਆਂ ਨੇ। ਇਸ ਲਈ ਸਾਡਾ ਫਰਜ਼ ਬਣਦਾ ਏ ਕਿ ਅਸੀਂ ਗੁਰੂ ਸਾਹਿਬਾਨਾ ਵਲੋਂ  ਦਰਸਾਏ ਗਏ ਰਸਤੇ 'ਤੇ ਚੱਲ ਕੇ ਨਸ਼ਿਆਂ ਖਿਲਾਫ  ਲੜਾਈ ਵਿੱਚ ਆਪਣਾ ਯੋਗਦਾਨ ਪਾਈਏ ਅਤੇ ਨਸ਼ਿਆਂ ਵਿਰੁੱਧ ਜਨਤਕ ਜਾਗਰੂਕਤਾ ਮੁਹਿੰਮ ਚਲਾ ਕੇ, ਪੰਜਾਬ ਦੀ ਪ੍ਰਾਚੀਨ ਸ਼ਾਨ ਨੂੰ ਬਹਾਲ ਕਰੀਏ। ਉਨ੍ਹਾਂ ਕਿਹਾ ਕਿ

ਨਸ਼ਿਆਂ ਨੂੰ ਖਤਮ ਕਰਕੇ ਪੰਜਾਬ ਨਾ ਸਿਰਫ਼ ਦੇਸ਼ ਦੇ ਅੰਦਰ ਮਜ਼ਬੂਤ ਹੋ ਕੇ ਉੱਭਰ ਸਕਦਾ ਏ , ਸਗੋਂ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਏ । ਨਸ਼ਾ ਵਿਰੋਧੀ ਮੁਹਿੰਮ ਵਿੱਚ ਆਮ ਲੋਕਾਂ, ਵਿਸ਼ੇਸ਼ ਤੌਰ ਤੇ ਔਰਤਾਂ ਦੇ ਸਮਰਥਨ ਦੀ ਮੰਗ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰੀ ਉਪਰਾਲਿਆਂ ਤੱਕ ਸੀਮਤ ਨਹੀਂ ਰਹਿ ਸਕਦੀ, ਪੂਰੇ ਸਮਾਜ ਨੂੰ ਆਪਣੀ ਜ਼ਿੰਮੇਵਾਰੀ ਨੂੰ ਸਮਝ ਕੇ ਸਰਕਾਰ ਦੇ ਹੱਥ ਮਜ਼ਬੂਤ ਕਰਨੇ ਚਾਹੀਦੀ ਨੇ। ਰਾਜਪਾਲ ਕਟਾਰੀਆ ਨੇ ਕਿਹਾ ਕੇ ਜਨਵਰੀ 2025 ਵਿੱਚ ਹਰ ਘਰ ਵਿੱਚ ਨਸ਼ਿਆਂ ਦੇ ਖਾਤਮੇ ਦਾ ਸੁਨੇਹਾ ਫੈਲਾਉਣ ਲਈ ਇੱਕ ਨਿਰੰਤਰ 10 ਦਿਨਾਂ ਦਾ ਪ੍ਰੋਗ੍ਰਾਮ ਆਯੋਜਿਤ ਕੀਤਾ ਜਾਵੇਗਾ। ਰਾਜਪਾਲ ਵਲੋਂ ਅੱਜ ਕਪੂਰਥਲਾ ਵਿਖੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਅਤੇ ਰੇਲ ਕੋਚ ਫੈਕਟਰੀ ਦਾ ਵੀ ਦੌਰਾ ਕੀਤਾ ਗਿਆ । ਸਾਇੰਸ ਸਿਟੀ ਦੇ ਦੌਰੇ ਦੌਰਾਨ, ਸ੍ਰੀ ਕਟਾਰੀਆ ਨੇ ਸਾਇੰਸ ਸਿਟੀ ਵਲੋਂ ਬੀਤੇ ਲਗਭਗ 20 ਵਰ੍ਹਿਆਂ ਤੋਂ ਸਮਾਜ ਵਿਚ ਵਿਗਿਆਨਕ ਨਜ਼ਰੀਆ ਪੈਦਾ ਕਰਨ ਵਿਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਹੋਰ ਸੰਸਥਾਵਾਂ ਦੀ

ਸਥਾਪਨਾ ਦੀ ਲੋੜ 'ਤੇ ਜ਼ੋਰ ਦਿੱਤਾ। ਰੇਲ ਕੋਚ ਫੈਕਟਰੀ ਦੇ ਦੌਰੇ ਦੌਰਾਨ ਸ੍ਰੀ ਕਟਾਰੀਆ ਵਲੋਂ ਸ਼ੈੱਲ ਡਵੀਜ਼ਨ ਵਿਖੇ ਰੇਲ ਡੱਬਿਆਂ ਦੇ ਨਿਰਮਾਣ ਦੀ ਵਿਧੀ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਫੈਕਟਰੀ ਦੇ ਇੰਜੀਨੀਅਰਾਂ ਅਤੇ ਹੋਰਨਾਂ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਰੇਲ ਕੋਚ ਫੈਕਟਰੀ ਵਲੋਂ ਦੇਸ਼ ਦੇ ਨਿਰਮਾਣ ਵਿਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕੀਤੀ।

---------------------------------------------------------------

ਕੌਮੀ ਜਾਂਚ ਏਜੰਸੀ (NIA) ਨੇ ਅੱਜ ਕਿਹਾ ਕਿ ਉਸ ਨੇ ਪਾਬੰਦੀਸ਼ੁਦਾ ਬੱਬਰ ਖਾਲਸਾ ਇੰਟਰਨੈਸ਼ਨਲ ਸੰਗਠਨ ਦੇ ਨਾਮਜ਼ਦ ਅੱਤਵਾਦੀ ਲਖਬੀਰ ਸਿੰਘ ਦੇ 2 ਮੁੱਖ ਸਹਿਯੋਗੀਆਂ ਵਿਰੁੱਧ ਚਾਰਜਸ਼ੀਟ ਦਾਇਰ ਕੀਤੀ ਏ। ਇਹ ਚਾਰਜਸ਼ੀਟ ਕੱਲ੍ਹ ਪੰਜਾਬ ਦੇ ਮੁਹਾਲੀ ਸਥਿਤ NIA ਦੀ ਵਿਸ਼ੇਸ਼ ਅਦਾਲਤ ਵਿੱਚ ਪੇਸ਼ ਕੀਤੀ ਗਈ ਸੀ। ਕੌਮੀ ਜਾਂਚ ਏਜੰਸੀ ਨੇ ਕਿਹਾ ਕਿ ਮੁਲਜ਼ਮ ਜਸਪ੍ਰੀਤ ਸਿੰਘ ਉਰਫ਼ ਜੱਸ ਅਤੇ ਬਲਜੀਤ ਸਿੰਘ ਉਰਫ਼ ਰਾਣਾ ਭਾਈ, ਵਿਦੇਸ਼ੀ ਅਧਾਰਤ ਖਾਲਿਸਤਾਨੀ ਅੱਤਵਾਦੀ ਲਖਬੀਰ ਸਿੰਘ ਲੰਡਾ ਵਲੋਂ ਤਿਆਰ ਕੀਤੇ ਗਏ ਇੱਕ ਅੱਤਵਾਦੀ ਗਿਰੋਹ

ਦੇ ਸਰਗਰਮ ਮੈਂਬਰ ਨੇ। NIA ਦੀ ਜਾਂਚ ਤੋਂ ਪਤਾ ਲੱਗਾ ਏ ਕਿ ਜਸਪ੍ਰੀਤ ਸਿੰਘ ਲੰਡਾ ਅਤੇ ਉਸ ਦੇ ਸਾਥੀ ਪੱਟੂ ਖਹਿਰਾ ਲਈ ਕੰਮ ਕਰਦੇ ਨੇ । ਜਾਂਚ ਦੌਰਾਨ, NIA ਅਧਿਕਾਰੀਆਂ ਨੇ ਹਥਿਆਰ, ਗੋਲਾ ਬਾਰੂਦ, ਨਸ਼ੀਲੇ ਪਦਾਰਥ, ਡਰੱਗ ਮਨੀ, ਡਿਜੀਟਲ ਉਪਕਰਨ ਅਤੇ ਮੁਲਜ਼ਮਾਂ ਨਾਲ ਜੁੜੇ ਹੋਰ ਅਪਰਾਧਕ ਸਬੂਤ ਜ਼ਬਤ ਕੀਤੇ। NIA ਨੇ ਕਿਹਾ ਕਿ ਜਾਂਚ ਅਜੇ ਵੀ ਜਾਰੀ ਏ ਅਤੇ ਜਾਂਚ ਦਾ ਉਦੇਸ਼, ਅੱਤਵਾਦੀ ਨੈੱਟਵਰਕ ਦੇ ਸੰਚਾਲਨ, ਫੰਡਿੰਗ ਅਤੇ ਸਹਿਯੋਗੀਆਂ ਬਾਰੇ ਹੋਰ ਵੇਰਵਿਆਂ ਦਾ ਖੁਲਾਸਾ ਕਰਨਾ ਏ । ਗ੍ਰਹਿ ਮੰਤਰਾਲੇ ਨੇ ਕੈਨੇਡਾ ਦੇ 33 ਸਾਲਾ ਗੈਂਗਸਟਰ ਲਖਬੀਰ ਲੰਡਾ ਨੂੰ ਅਤਿਵਾਦ ਵਿਰੋਧੀ, ਅਤੇ ਗੈਰਕਾਨੂੰਨੀ ਗਤੀਵਿਧੀਆਂ ਰੋਕਣ ਬਾਰੇ ਐਕਟ ਤਹਿਤ ਦਹਿਸ਼ਤਗਰਦ ਵਜੋਂ ਨਾਮਜ਼ਦ ਕੀਤਾ । ਕੇਂਦਰੀ ਗ੍ਰਹਿ ਮੰਤਰਾਲੇ ਦੇ ਮੁਤਾਬਿਕ ਲੰਡਾ 2021 ਵਿੱਚ ਮੋਹਾਲੀ ਵਿੱਚ ਪੰਜਾਬ ਪੁਲਿਸ ਇੰਟੈਲੀਜੈਂਸ ਹੈੱਡਕੁਆਰਟਰ ਉੱਤੇ ਇੱਕ ਰਾਕੇਟ ਹਮਲੇ ਸਮੇਤ ਹੋਰ ਅੱਤਵਾਦੀ ਗਤੀਵਿਧੀਆਂ ਵਿੱਚ ਸ਼ਾਮਲ ਸੀ।

---------------------------------------------------------

ਵਿਗਿਆਨ ਅਤੇ ਤਕਨਾਲੋਜੀ ਮੰਤਰੀ ਜਤਿੰਦਰ ਸਿੰਘ ਨੇ ਕੱਲ੍ਹ ਨਵੀਂ

ਦਿੱਲੀ ਵਿੱਚ ਭਾਰਤ ਦਾ ਆਪਣੀ ਕਿਸਮ ਦਾ ਪਹਿਲਾ, ਕੀਟਨਾਸ਼ਕ ਵਿਰੋਧੀ ਬਾਡੀਸੂਟ, ਕਿਸਾਨ ਕਵਚ ਜਾਰੀ ਕੀਤਾ। ਇਹ ਬਾਡੀਸੂਟ, ਕਿਸਾਨਾਂ ਨੂੰ ਕੀਟਨਾਸ਼ਕਾਂ ਦੇ ਸੰਪਰਕ ਵਿਚ ਆਉਣ ਦੇ ਨੁਕਸਾਨਦੇਹ ਪ੍ਰਭਾਵਾਂ ਤੋਂ ਬਚਾਉਣ ਲਈ ਤਿਆਰ ਕੀਤਾ ਗਿਆ ਏ । ਇਸ ਮੌਕੇ 'ਤੇ ਬੋਲਦਿਆਂ ਡਾ: ਸਿੰਘ ਨੇ ਕਿਹਾ ਕਿ ਕਿਸਾਨ ਕਵਚ ਕਿਸਾਨਾਂ ਦੀ ਸੁਰੱਖਿਆ ਵਿੱਚ ਇੱਕ ਨਾਜ਼ੁਕ ਪਾੜੇ ਨੂੰ ਦੂਰ ਕਰਨ ਲਈ ਇੱਕ ਮਹੱਤਵਪੂਰਨ ਹੱਲ ਏ। ਇਸ ਬਾਰੇ ਓਹਨਾਂ ਜਾਣਕਾਰੀ ਦਿੰਦਿਆਂ ਕਿਹਾ –

BYTE –

ਇਸ ਮੌਕੇ ਕਿਸਾਨਾਂ ਨੂੰ ਕਿਸਾਨ ਕਵਚ ਸੂਟਾਂ ਦੀ ਵੰਡ ਵੀ ਕੀਤੀ ਗਈ।

---

ਪੰਜਾਬ 'ਚ ਕਿਸਾਨਾਂ ਨੇ ਅੱਜ ਫਿਰੋਜ਼ਪੁਰ ਰੇਲਵੇ ਡਵੀਜ਼ਨ ਤਹਿਤ, 52 ਥਾਵਾਂ 'ਤੇ ਆਪਣੇ ਤਿੰਨ ਘੰਟੇ ਦੇ 'ਰੇਲ ਰੋਕੋ' ਦੇ ਰੋਸ ਪ੍ਰਦਰ੍ਸ਼ਨ ਵਜੋਂ ਰੇਲ ਰੂਟਾਂ ਨੂੰ ਜਾਮ ਕਰ ਦਿੱਤਾ , ਜਿਸ ਕਾਰਨ ਮੁਸਾਫ਼ਿਰਾਂ ਨੂੰ ਬੇਹਦ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਹਾਲਾਂਕਿ ਇਹ ਧਰਨਾ ਸ਼ਾਂਤੀ ਪੂਰਨ ਢੰਗ ਨਾਲ ਸਮਾਪਤ ਹੋਇਆ।

ਰੇਲਵੇ ਹਲਕਿਆਂ ਨੇ ਆਕਾਸ਼ਵਾਣੀ ਨੂੰ ਦੱਸਿਆ ਏ ਕਿ ਧਰਨੇ ਕਾਰਨ 12 ਰੇਲ ਗੱਡੀਆਂ ਰੱਦ ਹੋਈਆਂ, ਦੋ ਰੇਲ ਗੱਡੀਆਂ ਦਾ ਸਫਰ ਮੰਜ਼ਿਲ ਤੋਂ ਪਹਿਲਾਂ ਖਤਮ ਕੀਤਾ ਗਿਆ ਅਤੇ 34 ਰੇਲ ਗੱਡੀਆਂ ਦੇਰੀ ਨਾਲ ਚਲੀਆਂ। ਧਰਨਾ ਹਟਣ ਤੋਂ ਬਾਅਦ ਰੇਲ ਸੇਵਾਵਾਂ, ਬਹਾਲ ਹੋ ਗਈਆਂ। ਕਿਸਾਨ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਸਮੇਤ ਆਪਣੀਆਂ ਮੰਗਾਂ ਦੇ ਹੱਕ ਵਿੱਚ ਪ੍ਰਦਰਸ਼ਨ ਕਰ ਰਹੇ ਨੇ।

-------------------------------------------------------

ਭਾਰਤੀ ਰੇਲਵੇ ਨੇ ਇਨ੍ਹਾਂ ਰਿਪੋਰਟਾਂ ਨੂੰ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਗੁੰਮਰਾਹਕੁੰਨ ਦੱਸਿਆ ਏ, ਜਿਸ ਵਿਚ ਕੁਝ ਮੀਡੀਆ ਆਉਟਲੈਟਸ ਵਲੋਂ ਮਹਾ ਕੁੰਭ ਮੇਲੇ ਦੌਰਾਨ, ਰੇਲ ਮੁਸਾਫ਼ਰਾਂ ਨੂੰ ਰੇਲਵੇ ਵਲੋਂ ਮੁਫਤ ਸਫ਼ਰ ਕਰਨ ਦਾਅਵਾ ਕੀਤਾ ਜਾ ਰਿਹਾ ਏ। ਭਾਰਤੀ ਰੇਲਵੇ ਦੇ ਸੂਤਰਾਂ ਨੇ ਦੱਸਿਆ ਏ, ਕੇ ਨਿਯਮਾਂ ਤਹਿਤ ਵੈਧ ਟਿਕਟ ਤੋਂ ਬਿਨਾਂ ਸਫ਼ਰ ਕਰਨ 'ਤੇ ਸਖ਼ਤ ਪਾਬੰਦੀ ਏ ਅਤੇ ਇਹ ਸਜ਼ਾਯੋਗ ਅਪਰਾਧ ਏ। ਮਹਾਂ ਕੁੰਭ ਮੇਲੇ ਜਾਂ ਕਿਸੇ ਹੋਰ ਮੌਕੇ ਦੌਰਾਨ, ਮੁਫਤ ਸਫ਼ਰ ਲਈ ਕੋਈ ਪ੍ਰਬੰਧ ਨਹੀਂ ਨੇ। ਨਾਲ ਹੀ ਭਾਰਤੀ ਰੇਲਵੇ ਨੇ ਕਿਹਾ ਏ, ਕਿ ਉਹ ਮਹਾਂ ਕੁੰਭ ਮੇਲੇ

ਦੌਰਾਨ ਮੁਸਾਫ਼ਰਾਂ ਲਈ ਨਿਰਵਿਘਨ ਸਫ਼ਰ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ । ਮੁਸਾਫ਼ਰਾਂ ਦੀ ਸੰਭਾਵਿਤ ਆਮਦ ਦੇ ਪ੍ਰਬੰਧਨ ਲਈ ਵਿਸ਼ੇਸ਼ ਹੋਲਡਿੰਗ ਏਰੀਆ, ਵਾਧੂ ਟਿਕਟ ਕਾਊਂਟਰ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦੀ ਸਥਾਪਨਾ ਸਮੇਤ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਨੇ।

-----------------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਅੱਜ ਇਕ ਨਵੀ ਪਹਿਲਕਦਮੀ ਕੀਤੀ ਗਈ ।ਪੁਲਿਸ ਅਤੇ ਲੋਕਾਂ ਦਰਮਿਆਨ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ, ਅੱਜ ਆਮ ਲੋਕਾਂ ਦੇ 13 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦੇ ਚੋਰੀ ਹੋਏ ਸਾਮਾਨ ਨੂੰ ਚੋਰਾਂ ਤੋਂ ਜਬਤ ਕਰਨ ਬਾਅਦ, ਉਨ੍ਹਾਂ ਦੇ ਅਸਲ ਮਾਲਕਾਂ ਨੂੰ ਸਫਲਤਾਪੂਰਵਕ ਵਾਪਸ ਕਰ ਦਿੱਤਾ । ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਵਲੋਂ ਕਰਵਾਏ ਗਏ ਇਕ ਵਿਸ਼ੇਸ਼ ਪ੍ਰੋਗਰਾਮ "ਅਰਪਣ ਸਮਾਰੋਹ" ਦੌਰਾਨ, ਇਹ ਸਾਮਾਨ ਅਸਲੀ ਮਾਲਿਕਾਂ ਨੂੰ ਸੌਂਪੀਆਂ ਗਿਆ । ਜਲੰਧਰ ਕਮਿਸ਼ਨਰੇਟ ਪੁਲਿਸ ਨੇ ਪਿਛਲੇ ਸਾਲ ਦੌਰਾਨ, ਸ਼ਹਿਰ ਵਿੱਚ ਦਰਜ 583 ਵੱਖ-ਵੱਖ ਮਾਮਲਿਆਂ ਵਿੱਚ ਜ਼ਬਤ

ਕੀਤੇ 413 ਵਾਹਨ, 85 ਮੋਬਾਈਲ ਫੋਨ, ਕਈ ਘਰੇਲੂ ਸਮਾਨ, ਗਹਿਣੇ ਵਾਪਸ ਕੀਤੇ। ਇਸ ਤੋਂ ਇਲਾਵਾ, 20 ਲੱਖ ਰੁਪਏ ਦੇ ਲਗਭਗ 100 ਗੁੰਮ ਹੋਏ ਸਮਾਰਟਫ਼ੋਨ, ਉਨ੍ਹਾਂ ਦੇ ਮਾਲਕਾਂ ਨੂੰ ਸੌਂਪੇ । ਆਪਣੀ ਵਸਤਾਂ ਪ੍ਰਾਪਤ ਕਰਨ ਵਾਲਿਆਂ ਨੇ ਪੁਲਿਸ ਦੇ ਇਹਨਾਂ ਯਤਨਾਂ ਦੀ ਸ਼ਲਾਘਾ ਕੀਤੀ।

---------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਸਰਕਾਰ ਵੱਲੋਂ ਜਿੱਥੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕੀਤਾ ਜਾ ਰਿਹਾ ਏ ਅਤੇ ਸਿਹਤ ਸਹੂਲਤਾਂ ਮੁੱਹਈਆ ਕਰਵਾਈਆਂ ਜਾ ਰਹੀਆਂ ਨੇ ਉੱਥੇ ਹੀ ਨੌਜਵਾਨ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰੀ ਸਕੂਲਾਂ ਨੂੰ ਗਰਾਂਟਾਂ ਵੱਡੀ ਪੱਧਰ ਤੇ ਦਿੱਤੀਆਂ ਜਾ ਰਹੀਆਂ ਨੇ । ਉਹ ਸਰਕਾਰੀ ਹਾਈ ਸਕੂਲ ਪਿੰਡ ਢੀਮਾਵਾਲੀ ਵਿਖੇ 22 ਲੱਖ ਰੁਪਏ ਤੋਂ ਵੱਧ ਦੀ ਲਾਗਤ ਨਾਲ ਸਾਇੰਸ ਲੈਬ ਅਤੇ ਪ੍ਰਾਇਮਰੀ ਸਕੂਲ ਵਿੱਚ ਕਲਾਸ ਰੂਮਾਂ ਦਾ ਨੀਂਹ ਪੱਥਰ ਰੱਖਣ

ਮੌਕੇ ਕੀਤਾ। ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਿੱਖਿਆ ਵਿੱਚ ਮੋਹਰੀ ਸੂਬਾ ਬਣਾਉਣ ਲਈ ਹਰ ਪ੍ਰਕਾਰ ਦੇ ਯਤਨ ਕੀਤੇ ਜਾ ਰਹੇ ਨੇ । ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿਚ ਵੱਡੀ ਪੱਧਰ ਤੇ ਸਰਕਾਰੀ ਸਕੂਲਾਂ ਨੂੰ ਸਕੂਲ ਆਫ ਐਮੀਨਸ ਵਿੱਚ ਤਬਦੀਲ ਕੀਤਾ ਗਿਆ ਏ , ਉਥੇ ਹੀ ਪ੍ਰਾਇਮਰੀ ਅਤੇ ਹਾਈ ਸਕੂਲਾਂ ਨੂੰ ਵੀ ਬੁਨਿਆਦੀ ਢਾਂਚੇ ਲਈ ਕਰੋੜਾਂ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ । ਉਨ੍ਹਾਂ ਪਿੰਡ ਢੀਮਾਂਵਾਲੀ ਵਿਖੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦੀ ਹੱਲ ਲਈ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ।

----------------------------------------------------------

ਫਰੀਦਕੋਟ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਜ਼ਿਲ੍ਹੇ ਦੀਆਂ ਕੁੜੀਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਹੂਲਤਾਂ ਦਾ ਲਾਭ ਦੇਣ ਲਈ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਕਲ ਨੂੰ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਏ ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਦੇ ਤੌਰ ਸ਼ਿਰਕਤ ਕਰਨਗੇ । ਡਿਪਟੀ ਕਮਿਸ਼ਨਰ

ਵਿਨੀਤ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ  ਸੂਬੇ ਦੀਆਂ ਕੁੜੀਆਂ ਤੇ ਔਰਤਾਂ ਨੂੰ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨਾ ਏ । ਉਨ੍ਹਾਂ ਜਿਲ੍ਹੇ ਦੀਆਂ  ਔਰਤਾਂ ਨੂੰ ਇਸ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ।

---------------------------------------------------------------

ਮੌਸਮ ਵਿਭਾਗ ਨੇ ਅਗਲੇ 5 ਤੋਂ 7 ਦਿਨਾਂ ਦੌਰਾਨ, ਪੂਰੇ ਉੱਤਰ ਭਾਰਤ ਵਿੱਚ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ। ਇਸਦਾ ਕਾਰਨ ਪੱਛਮੀ ਗੜਬੜੀ ਦਸਿਆ ਜਾ ਰਿਹਾ ਏ । ਆਕਾਸ਼ਵਾਣੀ ਸਮਾਚਾਰ ਨਾਲ ਗੱਲਬਾਤ ਕਰਦਿਆਂ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪੰ ਨੇ ਦਸਿਆ ਨੇ।

**BYTE**

---------------------------------------------------------------

ਬਠਿੰਡਾ ਦੇ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਚੇਤਨਤਾ ਬਹੁਤ ਜ਼ਰੂਰੀ ਏ ਤੇ ਸਾਰਿਆਂ ਸਭ ਲਈ ਨਸ਼ਿਆ ਖਿਲਾਫ ਇਕੱਠੇ ਹੋ ਕੇ ਜਾਗਰੂਕਤਾ ਫੈਲਾਉਣਾ ਸਮੇਂ

ਦੀ ਮੁੱਖ ਲੋੜ ਏ। ਸੂਬਾ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ, ਯੁਵਕ ਸੇਵਾਵਾਂ ਵਿਭਾਗ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਿੰਡ ਤੁੰਗਵਾਲੀ ਦੇ ਸਰਕਾਰੀ ਸਕੂਲ ਵਿਖੇ ਨਸ਼ਿਆਂ ਖਿਲਾਫ ਕਰਵਾਏ ਗਏ ਸੈਮੀਨਾਰ ਵਿੱਚ ਸੰਬੋਧਨ ਕਰਦਿਆਂ ਉਨ੍ਹਾਂ ਉਮੀਦ ਜਤਾਈ ਕੇ ਪਿੰਡ ਦੀ ਸਮੂਹ ਪੰਚਾਇਤ ਤੇ ਸਕੂਲ ਦਾ ਸਮੁੱਚਾ ਸਟਾਫ ਇਕੱਠੇ ਹੋ ਕੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਹੋਰ ਸ਼ਲਾਘਾਯੋਗ ਉਪਰਾਲੇ ਕਰ ਸਕਦੇ ਹਨ। ਉਨ੍ਹਾਂ ਪਿੰਡ ਦੇ ਬਜ਼ੁਰਗਾਂ ਵੱਲੋਂ ਆਜ਼ਾਦੀ ਸੰਗਰਾਮ ਵਿੱਚ ਪਾਏ ਯੋਗਦਾਨ ਤੋਂ ਇਲਾਵਾ ਖੇਡਾਂ ਤੇ ਸਵੈ ਰੋਜ਼ਗਾਰ ਅਤੇ ਹੋਰ ਖੇਤਰਾਂ ’ਚ ਮਾਰੀਆਂ ਜਾਣ ਵਾਲੀਆਂ ਮਾਣਮੱਤੀਆਂ ਉਪਲੱਬਧੀਆਂ ਦੀ ਸ਼ਲਾਘਾਂ ਕੀਤੀ। ਸਹਾਇਕ ਡਾਇਰੈਕਟਰ ਰਘਵੀਰ ਸਿੰਘ ਮਾਨ ਨੇ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਆਦਿ ’ਚ ਮੱਲ੍ਹਾਂ ਮਾਰਨ ਲਈ ਪ੍ਰੇਰਿਤ ਕੀਤਾ।

-----------------------------------------------------

ਭਾਰਤ ਦੇ ਸਟਾਰ ਆਲ-ਰਾਊਂਡਰ ਰਵੀ-ਚੰਦਰਨ ਅਸ਼ਵਿਨ ਨੇ ਤੁਰੰਤ

ਪ੍ਰਭਾਵ ਨਾਲ ਅੰਤਰ-ਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਏ। ਬਾਰਡਰ-ਗਾਵਸਕਰ ਟਰਾਫੀ ਦਾ ਤੀਜਾ ਟੈਸਟ ਡਰਾਅ ਖਤਮ ਹੋਣ ਤੋਂ ਤੁਰੰਤ ਬਾਅਦ, 38 ਸਾਲਾ ਤਾਜਰਬੇਕਾਰ ਖਿਡਾਰੀ ਅਸ਼ਵਿਨ ਨੇ ਇਹ ਐਲਾਨ ਕੀਤਾ। ਅਸ਼ਵਿਨ ਅੰਤਰ-ਰਾਸ਼ਟਰੀ ਅਤੇ ਟੈਸਟ ਕ੍ਰਿਕਟ, ਦੋਵਾਂ ਵਿੱਚ ਭਾਰਤ ਦੇ ਦੂਜੇ ਸਭ ਤੋਂ ਵੱਧ ਵਿਕਟ ਲੈਣ ਵਾਲੇ ਗੇਂਦਬਾਜ਼ ਨੇ। ਆਪਣੇ ਸ਼ਾਨਦਾਰ ਕਰੀਅਰ ਵਿੱਚ, ਉਨ੍ਹਾਂ 106 ਟੈਸਟ ਮੈਚਾਂ ਵਿੱਚ 537 ਵਿਕਟਾਂ ਲਈਆਂ। ਭਾਰਤ ਲਈ ਸਿਰਫ ਅਨਿਲ ਕੁੰਬਲੇ ਨੇ 619 ਵਿਕਟਾਂ ਲੈ ਕੇ ਜ਼ਿਆਦਾ ਬੱਲੇਬਾਜ਼ਾਂ ਨੂੰ ਆਊਟ ਕੀਤਾ ਏ। ਅਸ਼ਵਿਨ, ਟੀ-20 ਟੂਰਨਾਮੈਂਟਾਂ ਵਿੱਚ ਖੇਡਣਾ ਜਾਰੀ ਰੱਖਣਗੇ ਅਤੇ IPL-2025 ਵਿੱਚ ਚੇਨਈ ਸੁਪਰ ਕਿੰਗਜ਼ ਦੀ ਨੁਮਾਇੰਦਗੀ ਕਰਨਗੇ।

---

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ, ਲੋਕਾਂ ਨੂੰ ਨਸ਼ਾ ਮੁਕਤ-ਰੰਗਲਾ ਪੰਜਾਬ ਬਣਾਉਣ ਲਈ ਵੱਡੇ ਪੱਧਰ 'ਤੇ ਨਸ਼ਾ ਵਿਰੋਧੀ ਮੁਹਿੰਮ ਚਲਾਉਣ ਦਾ ਦਿੱਤਾ ਸੱਦਾ ।

- ਕੌਮੀ ਜਾਂਚ ਏਜੰਸੀ ਨੇ ਪਾਬੰਦੀਸ਼ੁਦਾ ਬੱਬਰ ਖਾਲਸਾ ਇੰਟਰਨੈਸ਼ਨਲ ਸੰਗਠਨ ਦੇ ਨਾਮਜ਼ਦ ਅੱਤਵਾਦੀ ਲਖਬੀਰ ਸਿੰਘ ਦੇ, 2 ਮੁੱਖ ਸਹਿਯੋਗੀਆਂ ਖਿਲਾਫ ਚਾਰਜਸ਼ੀਟ ਦਾਇਰ ਕੀਤੀ।
- ਭਾਰਤੀ ਰੇਲਵੇ ਨੇ, ਮਹਾ ਕੁੰਭ ਮੇਲੇ ਦੌਰਾਨ, ਰੇਲ ਮੁਸਾਫ਼ਰਾਂ ਨੂੰ ਰੇਲਵੇ ਵਲੋਂ ਮੁਫਤ ਸਫ਼ਰ ਕਰਨ ਦੇ ਦਾਅਵੇ ਦੀਆਂ ਰਿਪੋਰਟਾਂ ਨੂੰ ਬੇਬੁਨਿਆਦ ਅਤੇ ਗੁੰਮਰਾਹਕੁੰਨ ਦੱਸਿਆ ।
- ਭਾਰਤ ਦੇ ਸਟਾਰ ਆਲ-ਰਾਊਂਡਰ ਰਵੀ-ਚੰਦਰਨ ਅਸ਼ਵਿਨ ਨੇ, ਤੁਰੰਤ ਪ੍ਰਭਾਵ ਨਾਲ ਅੰਤਰ-ਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਕੀਤਾ ਐਲਾਨ।